**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**

ਵੱਲ :

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ./ਐ.ਸਿੱ.),
ਪੰਜਾਬ।

ਮੀਮੋ ਨੰ:AD(6)/SSE/2018/1092037
ਮਿਤੀ:21.11.18

ਵਿਸ਼ਾ :- **ਸਕੂਲ ਸਟਾਫ ਵੱਲੋਂ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ ਲਈਆਂ ਜਾਣ ਵਾਲੀਆਂ ਇੱਤਫਾਕੀਆ ਛੁੱਟੀਆਂ ਸੰਬੰਧੀ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸੰਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਟਾਫ ਵੱਲੋਂ ਸਾਲ ਦੀਆਂ ਇੱਤਫਾਕੀਆ ਛੁੱਟੀਆਂ ਖ਼ਤਮ ਕਰਨ ਦੇ ਮੰਤਵ ਨਾਲ, ਸਾਲ ਦੇ ਅੰਤ ਵਿੱਚ ਭਾਵ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ ਅਕਸਰ ਜ਼ਿਆਦਾ ਛੁੱਟੀਆਂ ਲਈਆਂ ਜਾਂਦੀਆਂ ਹਨ ਜਦਕਿ ਇਨ੍ਹਾਂ ਮਹੀਨਿਆਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਦਾ ਜ਼ੋਰ ਹੁੰਦਾ ਹੈ।

3.0 ਸਕੂਲ ਸਟਾਫ ਦੁਆਰਾ ਉਕਤ ਮਹੀਨਿਆਂ ਵਿੱਚ ਜ਼ਿਆਦਾ ਇੱਤਫਾਕੀਆ ਛੁੱਟੀਆਂ ਲੈਣ ਕਾਰਨ ਜਿੱਥੇ ਸਕੂਲ ਦਾ ਪ੍ਰਬੰਧ ਚਲਾਉਣ 'ਚ ਦਿੱਕਤ ਪੇਸ਼ ਆਉਂਦੀ ਹੈ, ਉੱਥੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੀ ਨੁਕਸਾਨ ਹੁੰਦਾ ਹੈ।

4.0 ਵਿਦਿਆਰਥੀਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਖਿਆ ਜਾਂਦਾ ਹੈ ਕਿ ਆਪ ਵੱਲੋਂ ਆਪਣੇ ਅਧੀਨ ਪੈਂਦੇ ਸਕੂਲਾਂ ਵਿੱਚ ਕੰਮ ਕਰਦੇ ਸਮੂਹ ਸਕੂਲ ਅਮਲੇ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ 2 ਤੋਂ ਵੱਧ ਇੱਤਫਾਕੀਆ ਛੁੱਟੀਆਂ (ਪ੍ਰਤੀ ਮਹੀਨਾ 2 ਇੱਤਫਾਕੀਆ ਛੁੱਟੀਆਂ) ਲੈਣ ਤੋਂ ਗੁਰੇਜ਼ ਕਰਨ।

5.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ:21.11.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ./ਐ.ਸਿੱ.), ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਸਮੂਹ ਸਕੂਲ ਮੁੱਖੀ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ